# Maharaja Ranjit Singh Punjab Technical University
## Dabwali Road,Bathinda.

(Established by Govt. of Punjab vide Punjab Act No. 5 of 2015 and approved Under Section 2(f) & 12(B) of UGC)

Ref. No. MRSPTU/Estate/20-21/____________ Dated____________

**ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਖਾਲੀ ਹੋਏ ਐਗਜਾਮੀਨੇਸ਼ਨ ਬਲਾਕ (ਸਟੂਡੈਂਟ ਸੈਂਟਰ) ਦੇ ਫਾਸਟ ਫਲੋਰ ਅਤੇ ਗਰਾਊਡ ਫਲੋਰ ਨੂੰ ਕੈਫੇਟੀਰੀਆ ਵਜੋ ਵਰਤਣ ਲਈ ਬੋਲੀ ਬਾਰੇ ਜ਼ਰੂਰੀ ਸ਼ਰਤਾਂ (ਬੋਲੀ ਮਿਤੀ 06-08-2021 ਦਿਨ ਸ਼ੁੱਕਰਵਾਰ)।**

1. ਹਰ ਬੋਲੀਕਾਰ ਮੌਕੇ ਤੇ ਬੋਲੀ ਦੇਣ ਤੋਂ ਪਹਿਲਾਂ ਰਕਮ 1,00,000/- ਰੁ: ਬਤੌਰ ਜ਼ਮਾਨਤੀ ਰਕਮ ਵਜ਼ੋ ਜ਼ਮ੍ਹਾਂ ਕਰਵਾਏਗਾ ਅਤੇ ਇਹ ਜ਼ਮਾਨਤੀ ਰਕਮ ਰਜਿਸਟਰਾਰ, ਐਮ.ਆਰ.ਐਸ.ਪੀ.ਟੀ.ਯੂ, ਬਠਿੰਡਾ ਦੇ ਨਾਮ ਤੇ ਡੀ.ਡੀ ਰਾਹੀਂ ਲਈ ਜਾਵੇਗੀ। ਪਹਿਲੇ ਅਤੇ ਦੂਜੇ ਨੰਬਰ ਦੀ ਬੋਲੀ ਵਾਲੇ ਨੂੰ ਛੱਡ ਕੇ ਬਾਕੀਆਂ ਨੂੰ ਜਮਾਨਤੀ ਰਕਮ ਵਾਪਸ ਕਰ ਦਿੱਤੀ ਜਾਵੇਗੀ। ਦੂਸਰੇ ਨੰਬਰ ਦੇ ਬੋਲੀਕਾਰ ਨੂੰ ਜਮਾਨਤੀ ਰਕਮ ਪਹਿਲੇ ਬੋਲੀਕਾਰ ਵੱਲੋ ਕੈਫੇਟੀਰੀਆ ਦਾ ਚਾਰਜ ਸੰਭਾਂਲਣ ਉਪਰੰਤ ਵਾਪਿਸ ਕਰ ਦਿੱਤੀ ਜਾਵੇਗੀ। ਸਭ ਤੋਂ ਵੱਧ ਬੋਲੀ ਦੇਣ ਵਾਲੇ ਨੂੰ ਸਮੱਰਥ ਅਧਿਕਾਰੀ ਦੀ ਪ੍ਰਵਾਨਗੀ ਲੈਣ ਉਪਰੰਤ ਕੈਫੇਟੀਰੀਆ ਅਲਾਟ ਕਰ ਦਿੱਤਾ ਜਾਵੇਗਾ। ਸਰਕਾਰੀ ਬੋਲੀ ਰੁਪਏ 10,000/- ਪ੍ਰਤੀ ਮਹੀਨਾ ਪ੍ਰਤੀ ਕੈਫੇਟੀਰੀਆ ਨਿਸਚਿਤ ਕੀਤੀ ਗਈ ਹੈ। ਬੋਲੀ ਦੌਰਾਨ ਬੋਲੀਕਾਰ ਤੋ ਇਲਾਵਾ ਹੋਰ ਕੋਈ ਵੀ ਵਿਅਕਤੀ ਦੇ ਸਾਮਿਲ ਹੋਣ ਦੀ ਮਨਾਹੀ ਹੋਵੇਗੀ।
2. ਬੋਲੀਕਾਰ ਕੋਲ ਕੈਫੇਟੀਰੀਆ ਚਲਾਉਣ ਦਾ ਘੱਟੋ-ਘੱਟ 03 ਸਾਲ ਦਾ ਤਜਰਬਾ ਹੋਣਾ ਲਾਜ਼ਮੀ ਹੈ।
3. ਕੈਫੇਟੀਰੀਆ ਲੈਣ ਲਈ ਅਲਾਟੀ/ ਪਾਰਟਨਰ ਕੋਲ ਫੂਡ ਸਰਟੀਫਿਕੇਟ (FSSAI) ਹੋਣਾ ਜਰੂਰੀ ਹੈ।
4. ਕੈਫੇਟੀਰੀਆ ਵਿੱਚ ਕੰਮ ਕਰਨ ਵਾਲੀ ਲੇਬਰ ਲਈ ਇੱਕ ਡਰੈਸ ਕੋਡ ਲਾਗੂ ਹੋਵੇਗਾ।
5. ਕੈਫੇਟੀਰੀਆ ਵਿੱਚ ਸਟਾਫ ਅਤੇ ਵਿਦਿਆਰਥੀਆਂ ਦੇ ਬੈਠਣ ਲਈ ਅਲੱਗ ਜਗ੍ਹਾ ਨਿਸ਼ਚਿਤ ਕਰਨੀ ਹੋਵੇਗੀ।
6. ਕੈਫੇਟੀਰੀਆ ਵਿੱਚ ਹੋਰ ਖਾਣ-ਪੀਣ ਵਾਲੀਆਂ ਵਸਤਾਂ ਦੇ ਰੇਟ ਮਾਰਕਿਟ ਰੇਟਾਂ ਅਨੁਸਾਰ ਹੋਣੇ ਚਾਹੀਦੇ ਹਨ।
7. ਬੋਲੀਕਾਰ ਵੱਲੋ ਕੈਫੇਟੀਰੀਆ ਲਈ ਫਰਨੀਚਰ ਆਦਿ ਦਾ ਪ੍ਰਬੰਧ ਖ਼ੁੱਦ ਕਰਨਾ ਹੋਵੇਗਾ।
8. ਸਫਲ ਬੋਲੀਕਾਰ ਨੂੰ ਕੈਫੇਟੀਰੀਆ ਦੀ ਤਿੰਨ ਮਹੀਨੇ ਦੇ ਬਰਾਬਰ ਦੀ ਲਾਇਸੰਸ ਫੀਸ ਜਾਂ 50000/- ਰੁਪੈ: ਜੋ ਵੀ ਵੱਧ ਹੋਵੇ, ਬਤੌਰ ਸਕਿਉਰਟੀ ਬੋਲੀ ਤੋ ਸੱਤ ਦਿਨਾਂ ਦੇ ਅੰਦਰ ਅੰਦਰ ਜਮ੍ਹਾਂ ਕਰਵਾਉਣੀ ਪਵੇਗੀ।
9. ਦੁਕਾਨ ਦੇ ਕਿਰਾਏ ਅਤੇ ਲਾਇਸੰਸੀ ਫੀਸ ਤੇ 18% ਜੀ.ਐਸ.ਟੀ ਅਲੱਗ ਤੋਂ ਚਾਰਜ ਕੀਤਾ ਜਾਵੇਗਾ।
10. ਇਹ ਬੋਲੀ ਕੈਫੇਟੀਰੀਆ ਤੇ ਦੋ ਸਾਲ ਤੱਕ ਲਾਗੂ ਰਹੇਗੀ, ਜੇਕਰ ਪ੍ਰਬੰਧਕ ਕੈਫੇਟੀਰੀਆ ਚਲਾਉਣ ਦੀ ਕਾਰਗੁਜਾਰੀ ਤੋ ਪ੍ਰਭਾਵਿਤ ਹੋਵੇ ਤਾਂ ਲਾਇਸੰਸ ਫੀਸ਼ ਤੇ ਸਕਿਉਰਟੀ ਦੂਜੇ ਸਾਲ ਲਈ 15 ਪ੍ਰਤੀਸ਼ਤ ਵਧਾ ਕੇ ਲਈ ਜਾਵੇਗੀ। ਜੇਕਰ ਕੈਫੇਟੀਰੀਆ ਦਾ ਠੇਕਾ ਦੋ ਸਾਲ ਤੋਂ ਪਹਿਲਾਂ ਛੱਡਿਆ ਜਾਂਦਾ ਹੈ ਤਾਂ ਆਪ ਦੀ ਸਕਿਉਰਟੀ ਜਬਤ ਕਰ ਲਈ ਜਾਵੇਗੀ। ਦੋ ਸਾਲ ਦੀ ਮਿਆਦ ਪੂਰੀ ਹੋਣ ਉਪਰੰਤ ਲਾਇਸੰਸੀ ਦੀ ਮਿਆਦ ਵਿਚ ਵਾਧਾ ਇੱਕ-ਇੱਕ ਸਾਲ ਲਈ ਦੋ ਵਾਰ ਹੀ ਕੀਤਾ ਜਾਵੇਗਾ, ਪ੍ਰੰਤੂ ਲਾਇਸੰਸ ਫੀਸ਼ ਤੇ ਸਕਿਉਰਟੀ ਮੌਜੂਦਾ ਰੇਟ ਦਾ 15 ਪ੍ਰਤੀਸ਼ਤ ਵਧਾ ਕੇ ਲਿਆ ਜਾਵੇਗਾ। ਕਿਸੇ ਵੀ ਹਾਲਤ ਵਿਚ ਕੈਫੇਟੀਰੀਆ ਚਾਰ ਸਾਲ ਤੋ ਵੱਧ ਸਮੇ ਲਈ ਨਹੀ ਦਿੱਤਾ ਜਾਵੇਗਾ।
11. ਬਿਜਲੀ ਬਿੱਲ ਲਾਇਸੰਸੀ ਖੁਦ ਅਦਾ ਕਰੇਗਾ। ਬਿਜਲੀ ਦਾ ਮੀਟਰ ਲਾਇਸੰਸੀ ਖੁਦ ਲਵੇਗਾ। ਜੇਕਰ ਮੀਟਰ ਪਹਿਲਾਂ ਹੀ ਲੱਗਾ ਹੋਵੇ ਤਾਂ ਉਸ ਦੀ ਸਕਿਉਰਟੀ ਵਜੋ ਰੁ: 500/- ਹੋਰ ਜ਼ਮ੍ਹਾਂ ਕਰਵਾਏਗਾ। ਮੀਟਰ ਦੀ ਰੀਡਿੰਗ ਕੈਫੇਟੀਰੀਆ ਦਾ ਕਬਜਾ ਲੈਣ ਸਮੇ ਨੋਟ ਕੀਤੀ ਜਾਵੇਗੀ। ਬਿਜਲੀ ਦਾ ਮੀਟਰ ਲਾਇਸੰਸੀ ਖੁਦ ਪੰਜਾਬ ਰਾਜ ਬਿਜਲੀ ਬੋਰਡ ਤੋ ਚੈੱਕ ਕਰਵਾ ਕੇ ਸੀਲਡ ਅਤੇ ਸਰਟੀਫੀਕੇਟ ਸਮੇਤ ਅਸਟੇਟ ਵਿਭਾਗ ਵਿੱਚ ਜਮ੍ਹਾ ਕਰਵਾਏਗਾ। ਇਸ ਸਬੰਧੀ ਬਾਅਦ ਵਿੱਚ ਕਿਸੇ ਵੀ ਤਰ੍ਹਾ ਦੀ ਸ਼ਕਾਇਤ ਤੇ ਕੋਈ ਵਿਚਾਰ ਨਹੀ ਕੀਤਾ ਜਾਵੇਗਾ।
12. ਲਾਇਸੰਸੀ ਵੱਲੋ ਬੋਲੀ ਤੋ ਇਕ ਹਫਤੇ ਦੇ ਅੰਦਰ ਅੰਦਰ ਰੁ: 100/- ਦੇ ਅਸਟਾਮ ਤੇ ਲਾਇਸੰਸੀ ਫੀਸ ਅਤੇ ਹੋਰ ਸ਼ਰਤਾਂ ਬਾਰੇ ਇਸ ਦਫਤਰ ਨਾਲ ਇਕਰਾਰਨਾਮਾ ਕਰਨਾ ਹੋਵੇਗਾ, ਜਿਸ ਦਾ ਖਰਚਾ ਲਾਇਸੰਸੀ ਦਾ ਹੋਵੇਗਾ।
13. ਲਾਇਸੰਸੀ ਕੈਫੇਟੀਰੀਆ ਵਿਚ ਕਿਸੇ ਕਿਸਮ ਦੀ ਅਦਲਾ ਬਦਲੀ ਕਰਨ ਦਾ ਹੱਕਦਾਰ ਨਹੀ ਹੋਵੇਗਾ। ਅਜਿਹਾ ਕਰਨ ਦੀ ਸੂਰਤ ਵਿਚ ਉਸ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

14. ਰਜਿਸਟਰਾਰ/ਸਮੱਰਥ ਅਧਿਕਾਰੀ ਦੇ ਨਾਮਜਦ ਅਧਿਕਾਰੀਆਂ ਨੂੰ ਕੈਫੇਟੀਰੀਆ ਵਿਚ ਦਾਖਲ ਹੋ ਕੇ ਨਿਰੀਖਣ ਕਰਨ ਦਾ ਪੂਰਾ ਪੂਰਾ ਹੱਕ ਹੋਵੇਗਾ ਅਤੇ ਨਿਰੀਖਣ ਰਿਪੋਰਟ ਸਮੱਰਥ ਅਧਿਕਾਰੀ ਨੂੰ 3 ਦਿਨਾਂ ਦੇ ਅੰਦਰ-ਅੰਦਰ ਸੌਂਪੀ ਜਾਵੇਗੀ। ਇਸ ਤੋਂ ਬਿਨਾਂ ਲਾਇਸੰਸੀ ਫੀਸ ਦੀਆਂ ਨਿਰਧਾਰਿਤ ਕਿਸੇ ਵੀ ਤਰ੍ਹਾਂ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਦੀ ਸੂਰਤ ਵਿਚ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੂੰ ਕੈਫੇਟੀਰੀਆ ਖਾਲ੍ਹੀ ਕਰਵਾਉਣ ਦਾ ਪੂਰਾ ਹੱਕ ਹੋਵੇਗਾ।

15. ਲਾਇਸੰਸੀ ਵੱਲੋਂ ਹਰ ਮਹੀਨੇ ਦੀ 10 ਤਾਰੀਖ ਤੱਕ ਅਡਵਾਂਸ ਲਾਇਸੰਸੀ ਫੀਸ ਯੂਨੀਵਰਸਿਟੀ ਲੇਖਾ ਸ਼ਾਖਾ ਵਿਚ ਜਮ੍ਹਾਂ ਕਰਵਾਉਣੀ ਹੋਵੇਗੀ। ਇਸ ਤੋਂ ਬਾਅਦ 20/- ਰੁਪਏ ਪ੍ਰਤੀ ਦਿਨ ਜੁਰਮਾਨਾ ਵਸੂਲ ਕੀਤਾ ਜਾਵੇਗਾ। ਜੇਕਰ ਇੱਕ ਮਹੀਨੇ ਤੱਕ ਲਾਈਸੰਸੀ ਜੁਰਮਾਨੇ ਸਮੇਤ ਲਾਇਸੰਸੀ ਫੀਸ ਨਹੀ ਭਰਦਾ ਤਾਂ ਉਸ ਦਾ ਕੈਫੇਟੀਰੀਆ ਖਾਲ੍ਹੀ ਘੋਸ਼ਿਤ ਕਰਕੇ ਸਮਾਨ ਸਮੇਤ ਸਕਿਉਰਟੀ ਜਬਤ ਕਰ ਲਈ ਜਾਵੇਗੀ।

16. ਸਫਲ ਬੋਲੀਦਾਤਾ ਬੋਲੀ ਦੀ ਮਿਤੀ ਤੋਂ 20 ਦਿਨਾਂ ਦੇ ਅੰਦਰ ਅੰਦਰ ਕੈਫੇਟੀਰੀਆ ਲਾਜਮੀ ਚਾਲੂ ਕਰੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿਚ ਕੋਈ ਯਾਦ ਪੱਤਰ ਨਹੀ ਦਿੱਤਾ ਜਾਵੇਗਾ ਅਤੇ ਸਕਿਉਰਟੀ ਜਬਤ ਕਰ ਲਈ ਜਾਵੇਗੀ ਅਤੇ ਦੋ ਨੰਬਰ ਦੇ ਬੋਲੀਦਾਤਾ ਨੂੰ ਕੈਫੇਟੀਰੀਆ ਚਾਲੂ ਕਰਨ ਦਾ ਮੌਕਾ ਦੇ ਦਿੱਤਾ ਜਾਵੇਗਾ।

17. ਜੇਕਰ ਬਿਨਾ ਸੂਚਨਾ ਦੇ ਇੱਕ ਹਫਤੇ ਤੋਂ ਵੱਧ ਸਮਾਂ ਕੈਫੇਟੀਰੀਆ ਬੰਦ ਰੱਖਿਆ ਜਾਂਦਾ ਹੈ ਤਾਂ ਕੈਫੇਟੀਰੀਆ ਖਾਲ੍ਹੀ ਘੋਸ਼ਿਤ ਕਰਕੇ ਸਮਾਨ ਸਮੇਤ ਸਕਿਉਰਟੀ ਜਬਤ ਕਰ ਲਈ ਜਾਵੇਗੀ ਅਤੇ ਪਹਿਲੇ ਬੋਲੀ ਕਾਰ ਨੂੰ ਬਲੈਕ ਲਿਸਟ ਕਰਦਿਆ ਅੱਗੇ ਤੋਂ ਬੋਲੀ ਵਿੱਚ ਭਾਗ ਲੈਣ ਦੀ ਮਨਾਹੀ ਹੋਵੇਗੀ।

18. ਕੈਫੇਟੀਰੀਆ ਦੇ ਚਾਰਜ ਲੈਣ ਜਾਂ ਕਿਸੇ ਕਿਸਮ ਦੇ ਹੋਰ ਮਾਮਲੇ ਜਾਂ ਝਗੜੇ ਸਬੰਧੀ ਰਜਿਸਟਰਾਰ ਦਾ ਫੈਸਲਾ ਸਹੀ ਅਤੇ ਆਖਰੀ ਮੰਨਿਆ ਜਾਵੇਗਾ।

19. ਕੈਫੇਟੀਰੀਆ ਜਿਸ ਮੰਤਵ ਲਈ ਦਿੱਤਾ ਜਾਵੇਗਾ, ਉਸੇ ਮੰਤਵ ਲਈ ਹੀ ਵਰਤਿਆ ਜਾਵੇਗਾ ਅਤੇ ਕਿਸੇ ਵੀ ਹਾਲਤ ਵਿਚ ਅੱਗੇ ਸਬਲੈਟ/ ਪਾਰਟਨਰਸ਼ਿਪ ਨਹੀ਼ ਕੀਤੀ ਜਾਵੇਗੀ। ਅਜਿਹੀ ਸੂਰਤ ਵਿੱਚ ਕੈਫੇਟੀਰੀਆ ਖਾਲੀ ਕਰਕੇ ਸਮਾਨ ਸਮੇਤ ਸਕਿਉਰਟੀ ਜਬਤ ਕਰ ਲਈ ਜਾਵੇਗੀ।

20. ਰਜਿਸਟਰਾਰ ਨੂੰ ਬਿਨਾਂ ਕਿਸੇ ਕਾਰਨ ਦੱਸੇ ਬੋਲੀ ਪ੍ਰਵਾਨ/ਅਪ੍ਰਵਾਨ ਕਰਨ ਦਾ ਪੂਰਾ ਪੂਰਾ ਹੱਕ ਹੋਵੇਗਾ।

21. ਰਜਿਸਟਰਾਰ ਵੱਲੋਂ ਕੈਫੇਟੀਰੀਆ ਖਾਲ੍ਹੀ ਕਰਵਾਉਣ ਲਈ ਦਿੱਤੇ ਨੋਟਿਸ ਅਨੁਸਾਰ ਜਾਂ ਇਸ ਦੇ ਸਮੇ ਦੀ ਮਿਆਦ ਖਤਮ ਹੋਣ ਉਪਰੰਤ ਅਗਰ ਲਾਇਸੰਸੀ ਕੈਫੇਟੀਰੀਆ ਖਾਲ੍ਹੀ ਨਹੀ਼ ਕਰਦਾ ਤਾਂ ਉਸ ਤੋਂ ਲਾਇਸੰਸੀ ਫੀਸ ਦੀ 20 ਗੁਣਾ ਰਕਮ ਭਰਵਾਈ ਜਾਵੇਗੀ ਅਤੇ ਬਣਦੀ ਯੋਗ ਕਾਰਵਾਈ ਕੀਤੀ ਜਾਵੇਗੀ।

22 ਸਫਲ ਬੋਲੀਦਾਤਾ ਕੈਫੇਟੀਰੀਆ ਤੇ ਬੈਠਣ ਵਾਲੇ ਵਿਅਕਤੀ ਜਿਵੇ ਕਿ ਸੇਲਜ ਮੈਨ ਅਤੇ ਨੌਕਰ ਆਦਿ ਦਾ ਪੂਰਾ ਵੇਰਵਾ ਫੋਟੋ ਸਮੇਤ ਦਫਤਰ ਨੂੰ ਪੇਸ਼ ਕਰੇਗਾ।

23 ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋਂ ਲਾਇਸੰਸ ਫੀਸ਼ ਅਤੇ ਸਮਾਨ ਵੇਚਣ ਬਾਰੇ ਲਿਆ ਗਿਆ ਫੈਸਲਾ ਲਾਇਸੰਸੀ ਤੇ ਅੰਤਮ ਤੌਰ ਤੇ ਲਾਗੂ ਹੋਵੇਗਾ।

24 ਵਿਦਿਆਰਥੀਆਂ ਨੂੰ ਕਾਊਟਰ ਤੇ ਬੈਠਣ ਦੀ ਆਗਿਆ ਨਹੀ ਹੋਵੇਗੀ ਅਤੇ ਇਸ ਦੀ ਉਲੰਘਣਾ ਹੋਣ ਦੀ ਸੂਰਤ ਵਿਚ ਲਾਇਸੰਸੀ ਖੁਦ ਜ਼ਿਮੇਵਾਰ ਹੋਵੇਗਾ। ਅਜਿਹੀ ਸ਼ਿਕਾਇਤ ਦੀ ਸੂਰਤ ਵਿਚ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋਂ ਕੀਤੀ ਗਈ ਕਾਰਵਾਈ/ਫੈਸਲਾ ਲਾਇਸੰਸੀ ਤੇ ਲਾਗੂ ਹੋਵੇਗਾ।

25 ਵਿਦਿਆਰਥੀਆਂ ਅਤੇ ਸਟਾਫ ਨਾਲ ਲੈਣ ਦੇਣ ਦੇ ਜਾ ਉਧਾਰ ਆਦਿ ਦੇ ਕਿਸੇ ਵੀ ਮਾਮਲੇ ਵਿਚ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੀ ਕੋਈ ਜ਼ਿਮੇਵਾਰੀ ਨਹੀ ਹੋਵੇਗੀ।

26 ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿੱਚ ਸਕਿਉਰਟੀ ਦੀ ਜੋ ਰਕਮ ਜਮ੍ਹਾਂ ਕਰਵਾਈ ਜਾਵੇਗੀ, ਉਸ ਉਪਰ ਕੋਈ ਵਿਆਜ ਨਹੀ ਦਿੱਤਾ ਜਾਵੇਗਾ।

27 ਸਫਲ ਬੋਲੀਦਾਤਾ ਜੇਕਰ ਕਿਸੇ ਸਮੇ ਵੀ ਕਿਸੇ ਕਿਸਮ ਦਾ ਨਸ਼ਾ ਕਰਦਾ ਹੈ ਜਾਂ ਨਸ਼ਾ ਕਰਨ ਲਈ ਪ੍ਰੇਰਿਤ ਕਰਦਾ ਹੈ ਤਾਂ ਉਸ ਦੀ ਕੈਫੇਟੀਰੀਆ ਦੀ ਅਲਾਟਮੈਂਟ ਤੁਰੰਤ ਰੱਦ ਕਰ ਦਿੱਤੀ ਜਾਵੇਗੀ।

28 ਇਹ ਜ਼ਰੂਰੀ ਹੈ ਕਿ ਬੋਲੀਦਾਤਾ ਦਾ ਵਿਵਹਾਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਦੇ ਪ੍ਰਤੀ ਚੰਗਾ ਹੋਵੇ ਅਤੇ ਗਲਤ ਵਿਵਹਾਰ ਬਾਰੇ ਸ਼ਿਕਾਇਤ ਦੀ ਸੂਰਤ ਵਿਚ ਰਜਿਸਟਰਾਰ ਕੋਲ ਅਧਿਕਾਰ ਹੋਵੇਗਾ ਕਿ ਉਹ ਤੁਰੰਤ ਉਸ ਦੇ ਕੈਫੇਟੀਰੀਆ ਦੀ ਅਲਾਟਮੈਂਟ ਰੱਦ ਕਰਕੇ ਖਾਲ੍ਹੀ ਕਰਵਾ ਸਕਦਾ ਹੈ।

29. ਸਫਲ ਬੋਲੀਦਾਤਾ ਆਪਣੇ ਚਾਲ-ਚੱਲਣ ਸੰਬਧੀ ਸਰਪੰਚ ਜਾਂ ਮਿਉਸਪਲ ਕੌਂਸਲਰ (ਐਮ.ਸੀ.) ਤੋ ਤਸਦੀਕ ਕਰਵਾ ਕੇ ਇਹ ਸਰਟੀਫੀਕੇਟ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੂੰ ਕੈਫੇਟੀਰੀਆ ਲੈਣ ਤੋ ਤੁਰੰਤ ਬਾਅਦ ਪੇਸ਼ ਕਰੇਗਾ।

30. ਲਾਇਸੰਸੀ ਵੱਲੋ ਕੈਫੇਟੀਰੀਆ ਉੱਪਰ ਸਾਮਾਨ ਮਾਰਕਿਟ ਰੇਟਾਂ ਤੋਂ ਜਿਆਦਾ ਰੇਟ ਤੇ ਨਹੀਂ ਵੇਚਿਆ ਜਾਵੇਗਾ ਅਤੇ ਵੇਚੇ ਜਾਣ ਵਾਲੇ ਸਾਮਾਨ ਦੇ ਰੇਟਾਂ ਦੀ ਲਿਸਟ ਕੈਫੇਟੀਰੀਆ ਦੇ ਬਾਹਰ ਪ੍ਰਕਾਸ਼ਿਤ ਕਰਨੀ ਲਾਜਮੀ ਹੋਵੇਗੀ। ਜੇਕਰ ਮਾਰਕਿਟ ਰੇਟਾਂ ਤੋਂ ਜਿਆਦਾ ਰੇਟ ਤੇ ਸਾਮਾਨ ਵੇਚਦਾ ਪਾਇਆ ਜਾਂਦਾ ਹੈ ਤਾਂ ਕੈਫੇਟੀਰੀਆ ਦਾ ਲਾਇਸੈਂਸ ਰੱਦ ਕਰ ਦਿੱਤਾ ਜਾਵੇਗਾ।

31. ਕੈਫੇਟੀਰੀਆ ਦੇ ਕਿਸੇ ਵੀ ਜਾਨੀ-ਮਾਲੀ ਨੁਕਸਾਨ ਦੀ ਯੂਨੀਵਰਸਿਟੀ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

32. ਲਾਇਸੰਸੀ ਵੱਲੋ ਕੋਵਿਡ-19/ਕੁਦਰਤੀ ਆਫਤ/ਯੂਨੀਵਰਸਿਟੀ ਜਾਂ ਪੰਜਾਬ ਜਾਂ ਕੇਂਦਰ ਸਰਕਾਰ ਵੱਲੋ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇਗੀ।

33. ਲਾਇਸੰਸੀ ਵੱਲੋ ਆਪਣੇ ਕੈਫੇਟੀਰੀਆ ਅਤੇ ਇਸਦਾ ਆਲਾ-ਦੁਆਲਾ ਸਾਫ ਰੱਖਿਆ ਜਾਵੇਗਾ ਅਤੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਜੁਰਮਾਨਾ ਲਗਾਇਆ ਜਾਵੇਗਾ।

ਉਪਰੋਕਤ ਸਾਰੀਆਂ ਸ਼ਰਤਾਂ ਦੀ ਇੰਨ ਬਿਨ ਪਾਲਣਾ ਨਾ ਕਰਨ ਦੀ ਸੂਰਤ ਵਿਚ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਅਧਿਕਾਰੀਆਂ ਵੱਲੋ ਕੀਤੀ ਕਾਰਵਾਈ ਅਤੇ ਫੈਸਲਾ ਲਾਇਸੰਸੀ ਤੇ ਤੁਰੰਤ ਲਾਗੂ ਹੋਵੇਗਾ।

ਰਜਿਸਟਰਾਰ,
ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ
ਯੂਨੀਵਰਸਿਟੀ, ਬਠਿੰਡਾ।

**MAHARAJA RANJIT SINGH PUNJAB TECHNICAL UNIVERSITY, DABWALI ROAD, BATHINDA.**
**Ph. No. 87250-72410, Email. xenmrsptu@gmail.com**